# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ : 06-10-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ, ਸਾਲ 2022-2023 ਲਈ MY BHARAT - ਰਾਸ਼ਟਰੀ ਸੇਵਾ ਯੋਜਨਾ-NSS ਪੁਰਸਕਾਰ ਪ੍ਰਦਾਨ ਕੀਤੇ।
- ਚੋਣ ਕਮਿਸ਼ਨ ਵਲੋਂ ਅੱਜ ਤਰਨਤਾਰਨ ਵਿਧਾਨ ਸਭਾ ਹਲਕੇ ਸਮੇਤ 7 ਰਾਜਾਂ ਵਿੱਚ ਜ਼ਿਮਨੀ ਚੋਣਾਂ ਦਾ ਐਲਾਨ।
- ਨਵੀਂ ਅਤੇ ਨਵਿਆਉਣਯੋਗ ਊਰਜਾ ਅਤੇ ਬਿਜਲੀ ਰਾਜ ਮੰਤਰੀ, ਸ਼੍ਰੀਪਦ ਨਾਇਕ ਨੇ ਕਪੂਰਥਲਾ ਦੇ ਸਰਦਾਰ ਸਵਰਨ ਸਿੰਘ ਨੈਸ਼ਨਲ ਇੰਸਟੀਚਿਊਟ ਆਫ਼ ਬਾਇਓ-ਐਨਰਜੀ ਵਿਖੇ 5ਵੇਂ ਅੰਤਰ-ਰਾਸ਼ਟਰੀ ਸੰਮੇਲਨ ਦਾ ਉਦਘਾਟਨ ਕੀਤਾ।
- ਭਗਵਾਨ ਵਾਲਮੀਕਿ ਜੀ ਮਹਾਰਾਜ ਦੇ ਪ੍ਰਗਟ ਉਸਤਵ ਸਬੰਧੀ ਜਲੰਧਰ ’ਚ ਸਜਾਈ ਵਿਸ਼ਾਲ ਸ਼ੋਭਾ ਯਾਤਰਾ I

- ਮੌਸਮ ਵਿਭਾਗ ਵਲੋਂ ਅੱਜ ਪੰਜਾਬ ਤੇ ਹਰਿਆਣਾ ਵਿੱਚ, ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਲਈ, ORANGE ਅਲਰਟ ਜਾਰੀ ।

---------------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ, ਸਾਲ 2022-2023 ਲਈ MY BHARAT - ਰਾਸ਼ਟਰੀ ਸੇਵਾ ਯੋਜਨਾ (NSS) ਪੁਰਸਕਾਰ ਪ੍ਰਦਾਨ ਕੀਤੇ । ਰਾਸ਼ਟਰਪਤੀ ਨੇ NSS ਯੂਨਿਟਾਂ ਤੇ ਉਨ੍ਹਾਂ ਦੇ ਪ੍ਰੋਗਰਾਮ ਅਧਿਕਾਰੀਆਂ ਅਤੇ NSS ਵਲੰਟੀਅਰਾਂ ਨੂੰ 40 ਪੁਰਸਕਾਰ ਪ੍ਰਦਾਨ ਕੀਤੇ। ਨੌਜਵਾਨ ਮਾਮਲਿਆਂ ਅਤੇ ਖੇਡਾਂ ਬਾਰੇ ਮੰਤਰਾਲਾ, ਹਰ ਸਾਲ NSS ਵਲੰਟੀਅਰਾਂ, ਇਕਾਈਆਂ ਅਤੇ ਪ੍ਰੋਗਰਾਮ ਅਧਿਕਾਰੀਆਂ ਦੇ ਸਮਾਜ ਸੇਵਾ ਅਤੇ ਰਾਸ਼ਟਰ ਨਿਰਮਾਣ ਵਿੱਚ ਅਸਾਧਾਰਨ ਯੋਗਦਾਨ ਨੂੰ ਮਾਨਤਾ ਦੇਣ ਲਈ, ਰਾਸ਼ਟਰੀ ਸੇਵਾ ਯੋਜਨਾ ਪੁਰਸਕਾਰ ਪ੍ਰਦਾਨ ਕਰਦਾ ਏ। ਇਸ ਮੌਕੇ ਨੌਜਵਾਨ ਮਾਮਲਿਆਂ ਅਤੇ ਖੇਡਾਂ ਬਾਰੇ ਕੇਂਦਰੀ ਮੰਤਰੀ ਡਾ. ਮਨਸੁਖ ਮਾਂਡਵੀਆ ਵੀ ਮੌਜੂਦ ਸਨ। NSS ਇੱਕ ਕੇਂਦਰੀ ਖੇਤਰ ਦੀ ਯੋਜਨਾ ਏ ਜੋ 1969 ਵਿੱਚ ਸਵੈ-ਇੱਛਤ ਭਾਈਚਾਰਕ ਸੇਵਾ ਰਾਹੀਂ, ਵਿਦਿਆਰਥੀ ਨੌਜਵਾਨਾਂ ਦੀ ਸ਼ਖਸੀਅਤ ਅਤੇ ਚਰਿੱਤਰ ਨੂੰ ਵਿਕਸਤ ਕਰਨ ਦੇ ਮੁੱਖ ਉਦੇਸ਼ ਨਾਲ ਸ਼ੁਰੂ ਕੀਤੀ ਗਈ ਸੀ।

---------------------------------------------------------------------------

ਚੋਣ ਕਮਿਸ਼ਨ ਨੇ ਅੱਜ ਤਰਨਤਾਰਨ ਵਿਧਾਨ ਸਭਾ ਹਲਕੇ ਸਮੇਤ 7 ਰਾਜਾਂ ਵਿੱਚ ਜ਼ਿਮਨੀ  ਚੋਣਾਂ ਦਾ ਐਲਾਨ ਕੀਤਾ ਏ ।ਵੋਟਾਂ 11 ਨਵੰਬਰ ਨੂੰ ਪੈਣਗੀਆਂ ਅਤੇ ਜ਼ਿਮਨੀ ਚੋਣ ਦੇ ਨਤੀਜੇ 14 ਨਵੰਬਰ ਨੂੰ ਐਲਾਨੇ ਜਾਣਗੇ ।ਚੋਣ ਕਮਿਸ਼ਨ ਅਨੁਸਾਰ, ਨੋਟੀਫਿਕੇਸ਼ਨ 13 ਅਕਤੂਬਰ ਨੂੰ ਜਾਰੀ ਹੋਵੇਗੀ। ਨਾਮਜ਼ਦਗੀਆਂ ਭਰਨ ਦੀ ਆਖਰੀ ਤਰੀਕ 21 ਅਕਤੂਬਰ ਹੋਵੇਗੀ। ਨਾਮਜ਼ਦਗੀਆਂ ਦੀ ਜਾਂਚ 22 ਅਕਤੂਬਰ ਨੂੰ ਕੀਤੀ ਜਾਵੇਗੀ। ਉਮੀਦਵਾਰੀ ਵਾਪਸ ਲੈਣ ਦੀ ਆਖਰੀ ਤਰੀਕ 24 ਅਕਤੂਬਰ ਹੋਵੇਗੀ। ਇਹ ਸੀਟ ਆਮ ਆਦਮੀ ਪਾਰਟੀ  ਵਿਧਾਇਕ ਕਸ਼ਮੀਰ ਸਿੰਘ ਸੋਹਲ ਦੇ ਦੇਹਾਂਤ ਕਾਰਨ ਖਾਲੀ ਹੋਈ ਸੀ।

---------------------------------------------------------------------

ਚੋਣ ਕਮਿਸ਼ਨ ਨੇ 1 ਜੁਲਾਈ, 2025 ਨੂੰ ਸੰਜੀਵ ਅਰੋੜਾ ਦੇ ਅਸਤੀਫ਼ੇ ਕਾਰਨ ਖਾਲੀ ਹੋਈ ਪੰਜਾਬ ਤੋਂ ਰਾਜ ਸਭਾ ਸੀਟ ਲਈ ਜ਼ਿਮਨੀ-ਚੋਣ ਦਾ ਪ੍ਰੋਗਰਾਮ ਜਾਰੀ ਕੀਤਾ ਏ । ਵੋਟਿੰਗ 24 ਅਕਤੂਬਰ ਨੂੰ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਹੋਵੇਗੀ । ਨਾਮਜ਼ਦਗੀ ਪ੍ਰਕਿਰਿਆ ਅੱਜ ਸ਼ੁਰੂ ਹੋ ਗਈ ਏ ਅਤੇ ਨਾਮਜ਼ਦਗੀਆਂ ਦਾਖਲ ਕਰਨ ਦੀ ਆਖਰੀ ਤਰੀਕ 13 ਅਕਤੂਬਰ ਏ । ਸਰਕਾਰੀ ਛੁੱਟੀਆਂ ਵਾਲੇ ਦਿਨ ਕੋਈ ਨਾਮਜ਼ਦਗੀ ਸਵੀਕਾਰ ਨਹੀਂ ਕੀਤੀ ਜਾਵੇਗੀ। ਨਾਮਜ਼ਦਗੀ ਪੱਤਰਾਂ ਦੀ ਜਾਂਚ 14 ਅਕਤੂਬਰ ਨੂੰ ਹੋਵੇਗੀ ਅਤੇ  ਨਾਮਜ਼ਦਗੀ ਵਾਪਸ ਲੈਣ ਦੀ ਆਖਰੀ

ਤਰੀਕ 16 ਅਕਤੂਬਰ ਏ। ਚੋਣ ਪ੍ਰਕਿਰਿਆ 28 ਅਕਤੂਬਰ ਤੋਂ ਪਹਿਲਾਂ ਪੂਰੀ ਕੀਤੀ ਜਾਵੇਗੀ । ਚੋਣ ਕਮਿਸ਼ਨ ਨੇ ਪੰਜਾਬ ਸਰਕਾਰ ਨਾਲ ਮਸ਼ਵਰਾ ਕਰ ਕੇ, ਇਸ ਚੋਣ ਪ੍ਰਕਿਰਿਆ ਦੇ ਸੰਚਾਲਨ ਵਿਚ ਮਦਦ ਲਈ ਪੰਜਾਬ ਵਿਧਾਨ ਸਭਾ ਸਕੱਤਰੇਤ ਦੇ ਸਕੱਤਰ ਰਾਮ ਲੋਕ ਖਟਾਣਾ ਨੂੰ ਰਿਟਰਨਿੰਗ ਅਫ਼ਸਰ ਤੇ ਪੰਜਾਬ ਵਿਧਾਨ ਸਭਾ ਸਕੱਤਰੇਤ ਦੇ ਡਿਪਟੀ ਸਕੱਤਰ ਜਸਵਿੰਦਰ ਸਿੰਘ ਨੂੰ ਸਹਾਇਕ ਰਿਟਰਨਿੰਗ ਅਫ਼ਸਰ ਨਿਯੁਕਤ ਕੀਤਾ ਏ। ਖਾਲੀ ਹੋਈ ਸੀਟ ਦੀ ਮਿਆਦ 9 ਅਪ੍ਰੈਲ, 2028 ਤੱਕ ਏ।

---------------------------------------------------------------------------------

ਨਵੀਂ ਅਤੇ ਨਵਿਆਉਣਯੋਗ ਊਰਜਾ ਅਤੇ ਬਿਜਲੀ ਰਾਜ ਮੰਤਰੀ, ਸ਼੍ਰੀਪਦ ਨਾਇਕ ਨੇ ਕਪੂਰਥਲਾ ਦੇ ਸਰਦਾਰ ਸਵਰਨ ਸਿੰਘ ਨੈਸ਼ਨਲ ਇੰਸਟੀਚਿਊਟ ਆਫ਼ ਬਾਇਓ-ਐਨਰਜੀ (SSS-NIBE) ਵਿਖੇ ਜੈਵਿਕ-ਊਰਜਾ ਖੋਜ ਵਿੱਚ ਹਾਲੀਆ ਤਰੱਕੀ 'ਤੇ ਚਾਰ-ਰੋਜ਼ਾ 5ਵੇਂ ਅੰਤਰ-ਰਾਸ਼ਟਰੀ ਸੰਮੇਲਨ ਦਾ ਉਦਘਾਟਨ ਕੀਤਾ। ਸ਼੍ਰੀ ਨਾਇਕ ਨੇ ਸੰਸਥਾ ਦੇ ਨਵੇਂ ਲੋਗੋ ਵੀ ਜਾਰੀ ਕੀਤਾ ਜੋ ਨਵੀਨਤਾ, ਸਥਿਰਤਾ ਅਤੇ ਸਾਫ਼ ਊਰਜਾ ਤਬਦੀਲੀ ਪ੍ਰਤੀ ਇਸਦੀ ਵਚਨਬੱਧਤਾ ਦਾ ਪ੍ਰਤੀਕ ਏ । ਬਾਇਓਮਾਸ ਅਤੇ ਜੈਵ -ਊਰਜਾ ਦੇ ਖੇਤਰ ਵਿੱਚ ਸਹਿਯੋਗੀ ਖੋਜ ਅਤੇ ਗਤੀਵਿਧੀਆਂ ਲਈ IIT ਰੋਪੜ ਅਤੇ ਸਵਰਨ ਸਿੰਘ ਇੰਸਟੀਚਿਊਟ ਵਿਚਕਾਰ ਇੱਕ ਸਮਝੌਤਾ ਪੱਤਰ 'ਤੇ ਵੀ ਹਸਤਾਖਰ ਕੀਤੇ ਗਏ।

ਆਪਣੇ ਸੰਬੋਧਨ ਵਿੱਚ, ਮੰਤਰੀ ਨੇ ਦੇਸ਼ ਵਿੱਚ ਜੈਵਿਕ-ਊਰਜਾ ਦੀ ਮਹੱਤਤਾ 'ਤੇ ਜ਼ੋਰ ਦਿੱਤਾ, ਜਿਸਦੀ 228 ਮੀਟਰਕ ਟਨ ਵਾਧੂ ਫਸਲਾਂ ਦੀ ਰਹਿੰਦ-ਖੂੰਹਦ ਦੀ ਮਜ਼ਬੂਤ ਉਪਲਬਧਤਾ ਸਮਰੱਥਾ ਏ , ਅਤੇ 40 ਗੀਗਾ ਵਾਟ ਦੀ ਕੁੱਲ ਬਿਜਲੀ ਸਮਰੱਥਾ ਵਾਲੀ ਮਹੱਤਵਪੂਰਨ ਤੌਰ 'ਤੇ ਵੱਡੀ ਪਸ਼ੂ ਖਾਦ ਏ। ਉਨ੍ਹਾਂ ਨੇ ਭਾਰਤ ਦੇ ਪਾਏਦਾਰ ਭਵਿੱਖ ਦਾ ਆਧਾਰ ਬਣਨ ਲਈ ਮੰਤਰਾਲੇ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ। ਜੈਵ-ਊਰਜਾ ਖੇਤਰ ਵਿੱਚ ਭਾਰਤ ਸਰਕਾਰ ਦੀਆਂ ਕਈ ਯੋਜਨਾਵਾਂ ਨੂੰ ਉਜਾਗਰ ਕਰਦੇ ਹੋਏ ਉਨ੍ਹਾਂ ਦੱਸਿਆ ਕਿ ਦੇਸ਼ ਨੇ ਕਈ ਸਾਲ ਪਹਿਲਾਂ ਹੀ 20 ਫੀਸਦੀ ਈਥਾਨੌਲ ਮਿਸ਼ਰਣ ਪ੍ਰਾਪਤ ਕਰ ਲਿਆ ਏ । ਐਮ.ਐਨ.ਆਰ.ਈ ਦੇ ਸਕੱਤਰ ਸੰਤੋਸ਼ ਕੁਮਾਰ ਸਾਰੰਗੀ ਨੇ ਵੀ ਕਾਨਫਰੰਸ ਨੂੰ ਸੰਬੋਧਨ ਕੀਤਾ।

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਐਲਾਨਿਆ GST ਬਚਤ ਉਤਸਵ 22 ਸਤੰਬਰ ਤੋਂ ਸ਼ੁਰੂ ਹੋ ਗਿਆ ਏ. ਇਹ ਉਤਸਵ ਦੇਸ਼ ਭਰ ਵਿੱਚ ਲਾਭਦਾਇਕ ਸਾਬਤ ਹੋ ਰਿਹਾ ਏ। ਅੱਜ, ਇਸ ਲੜੀ ਵਿੱਚ, ਅਸੀਂ ਜਮਮੂ ਕਸ਼ਮੀਰ ਦੀ ਆਰਥਿਕਤਾ ਨੂੰ ਹੁਲਾਰਾ ਦੇਣ ਵਾਲੇ ਜੀਐਸਟੀ ਸੁਧਾਰਾਂ ਦੇ ਪ੍ਰਭਾਵ ਬਾਰੇ ਗੱਲ ਕਰਦੇ ਹਾਂ- *ਇੱਕ ਰਿਪੋਰਟ : V/C*

ਸੁਧਾਰਾਂ ਤੋਂ ਬਾਅਦ GST ਕਟੌਤੀਆਂ ਜੰਮੂ-ਕਸ਼ਮੀਰ ਦੀਆਂ ਵਿਸ਼ਾਲ ਆਸਾਂ – ਉਮੀਦਾਂ ਜਿਵੇਂ ਕਿ ਸਨਅਤੀ ਭਿੰਨਤਾ, ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨਾ ਅਤੇ ਦਿਹਾਤੀ ਜੀਵਨ ਨੂੰ ਉਪਰ ਉਠਾਉਣ ਨਾਲ ਸਹਿਜੇ ਹੀ ਮੇਲ ਖਾਂਦੀਆਂ ਨੇ.

ਦਸਤਕਾਰੀ ਲੰਮੇ ਸਮੇਂ ਤੋਂ ਜੰਮੂ-ਕਸ਼ਮੀਰ ਦੀ ਆਰਥਿਕਤਾ ਦੀ ਆਤਮਾ ਦੇ ਨਾਲ-ਨਾਲ ਵੱਡੇ ਪੱਧਰ 'ਤੇ ਰੁਜ਼ਗਾਰ ਦਾ ਸਰੋਤ ਵੀ ਰਹੀ ਏ । ਕਢਾਈ, ਸ਼ਾਲ, ਪੇਪਰ- ਮੈਸ਼ੇ, ਲੱਕੜ ਦੀ ਨੱਕਾਸ਼ੀ, ਅਤੇ ਗਹਿਣਿਆਂ ਤੋਂ ਲੈ ਕੇ ਰੇਸ਼ਮੀ ਗਲੀਚਿਆਂ ਤੱਕ, ਇਹ ਸਭ ਨਾ ਸਿਰਫ਼ ਸੱਭਿਆਚਾਰਕ ਪਛਾਣ ਨੂੰ ਸੁਰੱਖਿਅਤ ਰਖਦੇ ਨੇ ਸਗੋਂ ਅੰਤਰਰਾਸ਼ਟਰੀ ਬਾਜ਼ਾਰਾਂ ਵਿੱਚ ਇੱਕ ਮਜ਼ਬੂਤ ਮੌਜੂਦਗੀ ਵੀ ਬਣਾਉਂਦੇ ਨੇ. ਸੁਧਾਰੀਆਂ ਗਈਆਂ ਜੀਐਸਟੀ ਦਰਾਂ ਦੇ ਨਾਲ, ਇਸ ਖੇਤਰ ਵਿੱਚ ਹੁਣ ਸਿਰਫ਼ 5 ਫੀਸਦੀ ਜੀਐਸਟੀ ਲੱਗਦਾ ਏ , ਜੋ ਕਿ 12 ਫੀਸਦੀ ਸੀ. ਇਸ ਨਾਲ ਪਸ਼ਮੀਨਾ ਸ਼ਾਲ ਅਤੇ ਕਲਿਨਨ ਵਰਗੇ ਪ੍ਰਸਿੱਧ ਉਤਪਾਦ ਘਰੇਲੂ ਅਤੇ ਅੰਤਰਰਾਸ਼ਟਰੀ ਬਾਜ਼ਾਰਾਂ ਵਿੱਚ ਵਧੇਰੇ ਕਿਫਾਇਤੀ ਅਤੇ ਮੁਕਾਬਲੇ ਬਾਜ਼ੀ ਵਾਲੇ ਬਣ ਜਾਂਦੇ ਨੇ. ਠਹਿਰਨ ਦੀਆਂ 7 ਹਜ਼ਾਰ 500 ਰੁਪਏ ਤੱਕ ਦੀਆਂ ਥਾਵਾਂ ਲਈ ਸੈਰ-ਸਪਾਟੇ ਅਤੇ ਹੋਟਲ ਟੈਰਿਫ 'ਤੇ ਜੀਐਸਟੀ ਦਰਾਂ ਨੂੰ 12 ਫੀਸਦੀ ਤੋਂ ਘਟਾ ਕੇ 5 ਫੀਸਦੀ ਕਰਨ ਨਾਲ, ਯਾਤਰਾ ਵਧੇਰੇ ਕਿਫਾਇਤੀ ਹੋ ਰਹੀ ਏ, ਕਿੱਤਾ ਵਧ ਰਿਹਾ ਏ, ਲੰਮੇ ਸਮੇਂ ਤੱਕ ਠਹਿਰਨ

*ਨੂੰ ਉਤਸ਼ਾਹ ਮਿਲ ਰਿਹਾ ਏ  ਤੇ, ਸਥਾਨਕ ਕਾਰੋਬਾਰਾਂ ਲਈ ਮਾਲੀਆ ਵਧ ਰਿਹਾ ਏ. ਜੰਮੂ-ਕਸ਼ਮੀਰ ਵਿੱਚ ਦਸਤਕਾਰੀ, ਖੇਤੀਬਾੜੀ ਵਸਤਾਂ, ਸੈਰ-ਸਪਾਟਾ ਅਤੇ ਸਥਾਨਕ ਉਤਪਾਦਾਂ 'ਤੇ ਜੀਐਸਟੀ ਨੂੰ 12 ਫੀਸਦੀ ਤੋਂ ਘਟਾ ਕੇ 5 ਫੀਸਦੀ ਕਰਨ ਨਾਲ ਲਾਗਤਾਂ ਘਟਾਉਣ ਅਤੇ ਸਥਾਨਕ ਸਨਅਤਾਂ ਨੂੰ ਵਧੇਰੇ ਮੁਕਾਬਲੇਬਾਜ਼ੀ ਵਾਲਾ ਬਣਾਉਣ ਵਿੱਚ ਮਦਦ ਮਿਲ ਰਹੀ ਏ । ਇਹ ਕਦਮ ਕਾਰੀਗਰਾਂ ਅਤੇ ਕਿਸਾਨਾਂ ਦੀ ਹਮਾਇਤ ਕਰ ਰਿਹਾ ਏ, ਵਧੇਰੇ ਨੌਕਰੀਆਂ ਪੈਦਾ ਕਰ ਰਿਹਾ ਏ, ਬਰਾਮਦ ਨੂੰ ਵਧਾ ਰਿਹਾ ਏ, ਅਤੇ ਖੇਤਰ ਦੇ ਅਮੀਰ ਸੱਭਿਆਚਾਰ ਅਤੇ ਰਵਾਇਤਾਂ ਨੂੰ ਸੁਰੱਖਿਅਤ ਰੱਖਦੇ ਹੋਏ ਨਿਰੰਤਰ ਰਹਿਣ ਯੋਗ ਵਿਕਾਸ ਨੂੰ ਉਤਸ਼ਾਹਿਤ ਕਰ ਰਿਹਾ ਏ।*

----------------------------------------------------------------------

ਭਗਵਾਨ ਵਾਲਮੀਕਿ ਜੀ ਮਹਾਰਾਜ ਦੇ ਪ੍ਰਗਟ ਉਸਤਵ ਸਬੰਧੀ ਅੱਜ ਜਲੰਧਰ ’ਚ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ । ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ  ਸ਼ੋਭਾ ਯਾਤਰਾ ਦੀ ਸ਼ੁਰੂਆਤ ਕਰਦਿਆਂ ਲੋਕਾਂ ਨੂੰ ਆਪਸੀ ਭਾਈਚਾਰਕ ਸਾਂਝ ਦੀ ਮਜ਼ਬੂਤੀ ਲਈ ਸਰਬ ਸਾਂਝੀਵਾਲਤਾ ਦਾ ਸੰਦੇਸ਼ ਦੇਣ ਵਾਲੇ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਨਾਉਣ ਦਾ ਸੱਦਾ ਦਿੱਤਾ। ਲੋਕਾਂ ਨੂੰ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਉਤਸਵ

ਦੀ ਵਧਾਈ ਦਿੰਦਿਆਂ ਕੈਬਨਿਟ ਮੰਤਰੀ ਸ੍ਰੀ ਚੀਮਾ ਨੇ ਕਿਹਾ ਕਿ ਭਗਵਾਨ ਵਾਲਮੀਕਿ ਜੀ ਮਹਾਰਾਜ ਦੀਆਂ ਸਿੱਖਿਆਵਾਂ ਸਮਾਜ ਵਿੱਚ ਬਰਾਬਰਤਾ ਦੇ ਨਾਲ-ਨਾਲ ਨੈਤਿਕਤਾ 'ਤੇ ਜ਼ੋਰ ਦਿੰਦੀਆਂ ਹਨ, ਜੋ ਅਜੋਕੇ ਸਮੇਂ ਵਿੱਚ ਵੀ ਸਾਰਥਕ ਹਨ। ਉਨ੍ਹਾਂ ਕਿਹਾ ਕਿ ਸਾਨੂੰ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਤੋਂ ਸੇਧ ਲੈ ਕੇ ਆਦਰਸ਼ ਸਮਾਜ ਦੀ ਸਿਰਜਣਾ ਲਈ ਪੁਰਜ਼ੋਰ ਯਤਨ ਕਰਨੇ ਚਾਹੀਦੇ ਹਨ। ਇਸ ਮੌਕੇ ਵਿੱਤ ਮੰਤਰੀ ਵੱਲੋਂ ਸਿਟੀ ਵਾਲਮੀਕਿ ਸਭਾ ਨੂੰ 10 ਲੱਖ ਰੁਪਏ ਦੀ ਰਾਸ਼ੀ ਦੇਣ ਦਾ ਐਲਾਨ ਵੀ ਕੀਤਾ ਗਿਆ। ਇਸ ਮੌਕੇ ਕੈਬਿਨਟ ਮੰਤਰੀ ਲਾਲ ਚੰਦ ਕਟਾਰੂਚੱਕ , ਗੁਰਮੀਤ ਸਿੰਘ ਖੁੱਡੀਆਂ, ਬਰਿੰਦਰ ਕੁਮਾਰ ਗੋਇਲ ਅਤੇ ਮੋਹਿੰਦਰ ਭਗਤ ਨੇ ਵੀ ਸ਼ੋਭਾ ਯਾਤਰਾ ਵਿੱਚ ਸ਼ਿਰਕਤ ਕੀਤੀ । ਉਨਾ ਕਿਹਾ ਕਿ ਪਵਿੱਤਰ 'ਰਾਮਾਇਣ' ਮਨੁੱਖੀ ਕਦਰਾਂ ਕੀਮਤਾਂ ਬਾਰੇ ਭਗਵਾਨ ਵਾਲਮੀਕਿ ਜੀ ਮਹਾਰਾਜ ਦੀ ਮਹਾਨ ਰਚਨਾ ਏ । ਉਨਾ ਕਿਹਾ ਕਿ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਚਾਨਣ ਮੁਨਾਰੇ ਵਾਂਗ ਹਨ, ਜੋ ਸਦੀਆਂ ਤੋਂ ਸਮਾਜ ਨੂੰ ਸੇਧ ਦਿੰਦੀਆਂ ਆ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਾਨੂੰ ਭਗਵਾਨ ਵਾਲਮੀਕਿ ਜੀ ਵੱਲੋਂ ਦਿੱਤੇ ਸਿਧਾਂਤਾਂ 'ਤੇ ਅਮਲ ਕਰਦੇ ਹੋਏ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨਾ ਚਾਹੀਦਾ ਏ ।

--------------------------------------------------------------------

ਆਲ ਇੰਡੀਆ ਕਾਂਗਰਸ ਕਮੇਟੀ ਦੇ ਸਕੱਤਰ ਅਤੇ ਵਿਧਾਇਕ ਪਰਗਟ ਸਿੰਘ ਨੇ ਦੋਸ਼ ਲਗਾਇਆ ਕਿ ਆਮ ਆਦਮੀ ਪਾਰਟੀ ਸਰਕਾਰ ਨੇ ਮਨਜ਼ੂਰ ਹੱਦ ਤੋਂ ਵੱਧ ਕਰਜ਼ਾ ਲੈ ਕੇ ਪੰਜਾਬ ਨੂੰ ਵਿੱਤੀ ਐਮਰਜੈਂਸੀ ਵਿੱਚ ਢਕੇਲ ਦਿੱਤਾ ਏ । ਊਨਾ ਕਿਹਾ ਸਰਕਾਰ ਕੋਲ ਰਿਕਵਰੀ ਲਈ ਕੋਈ ਖਾਕਾ ਨਹੀਂ ਏ । ਸਰਕਾਰ ਪਹਿਲਾਂ ਹੀ ਮਨਜ਼ੂਰ ਹੱਦ  ਤੋਂ ਵੱਧ ਕਰਜ਼ਾ ਲੈ ਚੁੱਕੀ ਹੈ ਅਤੇ ਹੁਣ 5 ਹਜ਼ਾਰ 93 ਕਰੋੜ ਰੁਪਏ ਹੋਰ ਕਰਜ਼ਾ ਲੈਣ ਜਾ ਰਹੀ ਏ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਲਗਾਤਾਰ ਇੰਨਾ ਜ਼ਿਆਦਾ ਕਰਜ਼ਾ ਲਿਆ ਏ  ਕਿ ਹੁਣ ਪੁਰਾਣੇ ਕਰਜ਼ੇ ਚੁਕਾਉਣ ਲਈ ਨਵੇਂ ਕਰਜ਼ੇ ਲੈਣ ਲਈ ਮਜਬੂਰ ਹੋਣਾ ਪੈ ਰਿਹਾ ਏ । ਊਨਾ ਕਿਹਾ ਕਿ ਹਾਲਾਤ ਅਜਿਹੇ ਨੇ ਕਿ ਮੌਜੂਦਾ ਸਰਕਾਰ ਕੋਲ ਸਰਕਾਰੀ ਕਰਮਚਾਰੀਆਂ ਨੂੰ ਸਮੇਂ ਸਿਰ ਤਨਖਾਹ ਦੇਣ ਲਈ ਵੀ ਪੈਸੇ ਨਹੀਂ ਹਨ। ਸਰਕਾਰੀ ਜਾਇਦਾਦਾਂ ਦੀ ਨਿਲਾਮੀ ਕੀਤੀ ਜਾ ਰਹੀ ਏ । ਪਰਗਟ ਸਿੰਘ ਨੇ ਕਿਹਾ ਕਿ ਪਹਿਲਾਂ, 2023-24 ਵਿੱਚ, ਪੰਜਾਬ ਦਾ ਕਰਜ਼ਾ 3 ਲੱਖ 46 ਹਜ਼ਾਰ ਕਰੋੜ ਰੁਪਏ ਸੀ। ਇਸ ਸਾਲ ਪੇਸ਼ ਕੀਤੇ ਗਏ ਸਰਕਾਰ ਦੇ ਬਜਟ ਅਨੁਸਾਰ, 2025-26 ਦੇ ਅੰਤ ਤੱਕ ਸੂਬੇ ਦਾ ਕਰਜ਼ਾ 4 ਲੱਖ 17 ਹਜ਼ਾਰ ਕਰੋੜ ਤੱਕ ਪਹੁੰਚ ਜਾਵੇਗਾ। ਓਹਨਾ ਕਿਹਾ ਕਿ ਇਹ ਅੰਕੜੇ ਨਾ ਸਿਰਫ਼ ਪੰਜਾਬ ਸਰਕਾਰ ਲਈ ਸਗੋਂ ਆਮ ਲੋਕਾਂ ਲਈ ਵੀ ਚਿੰਤਾ ਦਾ ਵਿਸ਼ਾ ਹਨ। ਪਾਰਦਰਸ਼ਤਾ ਨੂੰ ਜ਼ਰੂਰੀ ਦਸਦਿਆਂ ਉਨ੍ਹਾਂ ਮੰਗ ਕੀਤੀ ਕਿ ਸੂਬਾ

ਸਰਕਾਰ ਪਿਛਲੇ ਤਿੰਨ ਸਾਲਾਂ ਦੌਰਾਨ ਹੋਏ ਕਰਜ਼ੇ 'ਤੇ ਜਨਤਾ ਲਈ ਵਾਈਟ ਪੇਪਰ ਜਾਰੀ ਕਰੇ।

---------------------------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਵੱਲੋਂ ਅੱਜ ਮਲੋਟ ਹਲਕੇ ਦੇ ਪਿੰਡ ਜੰਡਵਾਲਾ, ਥੇਹੜੀ ਅਤੇ ਫਕਰਸਰ ਵਿਖੇ ਕਰੀਬ 3 ਕਰੋੜ 31 ਲੱਖ ਰੁਪਏ ਦੀ ਲਾਗਤ ਵਾਲੇ ਵੱਖ-ਵੱਖ ਵਿਕਾਸ ਕੰਮਾਂ ਦੀ ਸ਼ੁਰੂਆਤ ਕਰਵਾਈ। ਕੈਬਨਿਟ ਮੰਤਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵਿਕਾਸ ਕਾਰਜਾਂ ਦੀ ਖੁਦ ਨਿਗਰਾਨੀ ਕਰਨ ਅਤੇ ਜੇਕਰ ਕਿਤੇ ਕੋਈ ਕਮੀ ਲਗਦੀ ਏ ਤਾਂ ਫੌਰੀ ਉਹਨਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ ।

---------------------------------------------------------------------

ਰੂਪਨਗਰ ਦੇ ਸਿਵਲ ਸਰਜਨ ਡਾਕਟਰ ਸੁਖਵਿੰਦਰਜੀਤ ਸਿੰਘ ਦੀ ਅਗਵਾਈ ਹੇਠ ਬਲਾਕ ਕੀਰਤਪੁਰ ਸਾਹਿਬ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਪਿਛਲੇ ਇੱਕ ਮਹੀਨੇ ਤੋਂ ਚੱਲ ਰਹੇ ਮੈਡੀਕਲ ਕੈਂਪ ਅੱਜ ਸਫਲਤਾਪੂਰਵਕ ਮੁਕੰਮਲ ਹੋ ਗਏ। ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਜੰਗਜੀਤ ਸਿੰਘ ਨੇ ਦੱਸਿਐ ਕਿ ਪੰਜਾਬ ਸਰਕਾਰ ਦੇ "ਮਿਸ਼ਨ ਚੜ੍ਹਦੀ ਕਲਾ" ਤਹਿਤ ਬਲਾਕ ਕੀਰਤਪੁਰ ਸਾਹਿਬ ਦੇ ਹੜ੍ਹਾਂ ਦੀ ਮਾਰ ਹੇਠਾਂ ਆਏ ਇਲਾਕਿਆਂ ਵਿਚ ਪੀ.ਐੱਚ.ਸੀ ਕੀਰਤਪੁਰ ਸਾਹਿਬ ਦੀ ਟੀਮ

ਵੱਲੋਂ 3 ਸਤੰਬਰ ਤੋਂ ਲੈ ਕੇ ਹੁਣ ਤੱਕ 733 ਕੈਂਪ ਲਾਏ ਗਏ। ਇਹਨਾਂ ਕੈਂਪਾਂ ਦੌਰਾਨ 12 ਹਜ਼ਾਰ 118 ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਅਤੇ ਸਿਹਤ ਸਹੂਲਤਾਂ ਉਪਲੱਬਧ ਕਰਵਾਈਆਂ ਗਈਆਂ। ਇਸ ਤੋਂ ਇਲਾਵਾ 8 ਹੜ੍ਹ ਪੀੜਤ ਵਿਅਕਤੀਆਂ ਨੂੰ ਪਾਣੀ ਵਿਚੋਂ ਸੁਰੱਖਿਅਤ ਕੱਢ ਕੇ ਮੁੱਢਲੀ ਡਾਕਟਰੀ ਸਹਾਇਤਾ ਮੁੱਹਈਆ ਕਰਵਾ ਕੇ ਉਹਨਾਂ ਦੀ ਜਾਨ ਬਚਾਈ ਗਈ। ਸਿਵਲ ਸਰਜਨ ਡਾਕਟਰ ਸੁਖਵਿੰਦਰਜੀਤ ਸਿੰਘ ਨੇ, ਵੱਖ ਵੱਖ ਇਲਾਕਿਆਂ ਵਿਚ ਤੈਨਾਤ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਬਿਨਾਂ ਕਿਸੇ ਛੁੱਟੀ ਦੇ ਲੋਕਾਂ ਨੂੰ ਲਗਾਤਾਰ ਇੱਕ ਮਹੀਨਾ ਉੱਚ ਦਰਜੇ ਦੀਆਂ ਮੁਫ਼ਤ ਸਿਹਤ ਸਹੂਲਤਾਂ ਮੁੱਹਈਆ ਕਰਵਾਉਣ ਲਈ ਉਹਨਾਂ ਦੀ ਸੇਵਾ ਭਾਵਨਾ ਅਤੇ ਜਜ਼ਬੇ ਨੂੰ ਸਲਾਮ ਕੀਤੈ। ਉਹਨਾਂ ਦੱਸਿਆ ਕਿ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਚੱਲ ਰਹੇ ਮੈਡੀਕਲ ਕੈਂਪ ਅਤੇ ਆਸ਼ਾ ਵਰਕਰਾਂ ਵੱਲੋਂ ਘਰ ਘਰ ਜਾ ਕੇ ਕੀਤਾ ਜਾ ਰਿਹਾ ਡੇਂਗੂ ਸਰਵੇ ਦਾ ਕੰਮ ਬੇਸ਼ਕ ਮੁਕੰਮਲ ਹੋ ਗਿਐ ਪਰ ਸਿਵਲ ਸਰਜਨ ਦੇ ਹੁਕਮਾਂ ਅਨੁਸਾਰ ਡੇਂਗੂ ਅਤੇ ਮਲੇਰੀਆ ਵਰਗੀਆਂ ਬਿਮਾਰੀਆਂ ਫ਼ੈਲਣ ਦੇ ਖ਼ਤਰੇ ਦੇ ਮੱਦੇਨਜ਼ਰ ਖੜ੍ਹੇ ਪਾਣੀ ਵਾਲੀਆਂ ਥਾਵਾਂ 'ਤੇ ਕਾਲੇ ਤੇਲ ਦੇ ਛਿੜਕਾਅ ਦਾ ਕਾਰਜ ਫ਼ਿਲਹਾਲ ਜਾਰੀ ਰਹੇਗਾ।

---------------------------------------------------------------------

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਵਿਖੇ 10 ਦਿਨਾ ਐਨ ਸੀ ਸੀ ਸਾਲਾਨਾ ਸਿਖਲਾਈ ਕੈਂਪ ਸ਼ੁਰੂ ਹੋਇਆ। ਇਹ ਕੈਂਪ ਦੇਸ਼ ਭਗਤੀ ਦੇ ਜਜ਼ਬੇ ਨਾਲ ਆਰੰਭ ਕੀਤਾ ਗਿਆ। ਇਸ ਕੈਂਪ ਦਾ ਉਦੇਸ਼ ਐਨ ਸੀ ਸੀ ਕੈਡਿਟਾਂ ਨੂੰ ਅਨੁਸ਼ਾਸਨ, ਅਗਵਾਈ, ਸਰੀਰਕ ਤੰਦਰੁਸਤੀ ਅਤੇ ਸਮਾਜਿਕ ਜ਼ਿੰਮੇਵਾਰੀ ਸੰਬੰਧੀ ਗਿਆਨ ਅਤੇ ਸਿਖਲਾਈ ਪ੍ਰਦਾਨ ਕਰਨਾ ਏ। ਕੈਂਪ ਵਿੱਚ ਕਾਲਜ ਆਫ ਵੈਟਨਰੀ ਸਾਇੰਸ, ਲੁਧਿਆਣਾ ਅਤੇ ਸਰਕਾਰੀ ਸਮਾਰਟ ਸੀਨੀਅਰ ਸੈਕੰਡਰੀ ਸਕੂਲ, ਪੀ ਏ ਯੂ ਦੇ 113 ਕੈਡਿਟਾਂ ਨੇ ਹਿੱਸਾ ਲਿਆ। ਉਦਘਾਟਨੀ ਸਮਾਰੋਹ ਦੀ ਪ੍ਰਧਾਨਗੀ ਵਨ ਪੰਜਾਬ ਰਿਮਾਊਂਟ ਅਤੇ ਵੈਟਨਰੀ ਸਕਵੈਡਰਨ ਦੇ ਕਮਾਂਡਿੰਗ ਅਫ਼ਸਰ ਕਰਨਲ ਏ. ਸ੍ਰੀਨਵਾਸ ਰਾਓ, ਨੇ ਕੀਤੀ। ਉਨ੍ਹਾਂ ਵਚਨਬੱਧਤਾ, ਟੀਮ ਭਾਵਨਾ ਤੇ ਕੌਮੀ ਨਿਰਮਾਣ ਦੀ ਮਹੱਤਤਾ ਦੇ ਜ਼ੋਰ ਦਿੱਤਾ। ਉਨ੍ਹਾਂ ਨੇ ਕੈਡਿਟਾਂ ਨੂੰ ਡਰਿਲ, ਹਥਿਆਰ ਸਿਖਲਾਈ, ਸੱਭਿਆਚਾਰਕ ਗਤੀਵਿਧੀਆਂ, ਯੋਗਾ ਅਤੇ ਭਾਈਚਾਰਕ ਸੇਵਾ ਸਮੇਤ ਕੈਂਪ ਦੀਆਂ ਸਾਰੀਆਂ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ। ਕੈਂਪ ਦੇ ਸਿਖਲਾਈ ਸੈਸ਼ਨਾਂ ਵਿੱਚ ਹਥਿਆਰਬੰਦ ਸੈਨਾਵਾਂ ਦੇ ਅਧਿਕਾਰੀਆਂ, ਸਹਿਯੋਗੀ ਐਨ ਸੀ ਸੀ ਅਧਿਕਾਰੀਆਂ, ਕੌਸ਼ਲ ਵਿਕਾਸ ਕੇਂਦਰ ਦੇ ਮਾਹਿਰਾਂ ਅਤੇ ਵਿਭਿੰਨ ਵਿਸ਼ਿਆਂ ਦੀਆਂ ਸਾਧਨ ਸੰਪੂਰਨ

ਸ਼ਖਸੀਅਤਾਂ ਵੱਲੋਂ ਨੌਜਵਾਨਾਂ ਵਿੱਚ ਵਿਸ਼ਵਾਸ ਅਤੇ ਫ਼ਰਜ਼ ਦੀ ਭਾਵਨਾ ਪੈਦਾ ਕਰਨ ਲਈ ਭਾਸ਼ਨ ਦਿੱਤੇ ਜਾਣਗੇ ਅਤੇ ਮੁਕਾਬਲਿਆਂ ਦਾ ਆਯੋਜਨ ਕੀਤਾ ਜਾਏਗਾ।

------------------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ ਵਿਚ ਕਈ ਥਾਵਾਂ ਉੱਤੇ ਗਰਜ ਤੇ ਤੇਜ਼ ਹਵਾਵਾਂ ਨਾਲ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਬਾਰੇ ਪੇਸ਼ੀਨਗੋਈ ਕੀਤੀ ਏ । ਇਸ ਦੇ ਨਾਲ ਹੀ ਵਿਭਾਗ ਨੇ ਸੂਬੇ ਵਿਚ ਕੁਝ ਥਾਵਾਂ ਉੱਤੇ ਭਾਰੀ ਤੋਂ ਬਹੁਤ ਭਾਰੀ ਮੀਂਹ ਪੈਣ ਬਾਰੇ ਓਰੇਂਜ ਅਲਰਟ ਵੀ ਜਾਰੀ ਕੀਤਾ ਏ। ਭਲਕੇ 7 ਅਕਤੂਬਰ ਨੂੰ ਵੀ ਕੁਝ ਥਾਵਾਂ ਉੱਤੇ ਭਾਰੀ ਬਾਰਿਸ਼ ਹੋਣ ਬਾਰੇ ਯੈਲੋ ਅਲਰਟ ਜਾਰੀ ਕੀਤਾ ਗਿਆ ਏ। ਮੌਸਮ ਵਿਭਾਗ ਦੀਆਂ ਬਾਰਿਸ਼ ਸਬੰਧੀ ਇਨ੍ਹਾਂ ਚੇਤਾਵਨੀਆਂ ਦੇ ਮੱਦੇਨਜ਼ਰ ਜ਼ਿਲ੍ਹਿਆਂ ਦੇ ਪ੍ਰਸ਼ਾਸਨਾਂ ਨੇ ਵੀ ਬੰਨ੍ਹਾਂ ਦੀ ਮਜ਼ਬੂਤੀ ਸਮੇਤ ਜ਼ਰੂਰੀ ਅਮਲੇ ਤੇ ਹੋਰ ਸਬੰਧਤ ਪੁਖ਼ਤਾ ਇੰਤਜਾਮ ਕੀਤੇ ਨੇ। ਮੌਸਮ ਵਿਭਾਗ ਦੇ ਸੀਨੀਅਰ ਵਿਗਿਆਨੀ RK ਜੇਨਾਮਨੀ ਨੇ ਦਸਿਆ IBYTE

------------------------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ, ਸਾਲ 2022-2023 ਲਈ MY BHARAT - ਰਾਸ਼ਟਰੀ ਸੇਵਾ ਯੋਜਨਾ-NSS ਪੁਰਸਕਾਰ ਪ੍ਰਦਾਨ ਕੀਤੇ ।

- ਚੋਣ ਕਮਿਸ਼ਨ ਵਲੋਂ ਅੱਜ ਤਰਨਤਾਰਨ ਵਿਧਾਨ ਸਭਾ ਹਲਕੇ ਸਮੇਤ 7 ਰਾਜਾਂ ਵਿੱਚ ਜ਼ਿਮਨੀ ਚੋਣਾਂ ਦਾ ਐਲਾਨ।
- ਨਵੀਂ ਅਤੇ ਨਵਿਆਉਣਯੋਗ ਊਰਜਾ ਅਤੇ ਬਿਜਲੀ ਰਾਜ ਮੰਤਰੀ, ਸ਼੍ਰੀਪਦ ਨਾਇਕ ਨੇ ਕਪੂਰਥਲਾ ਦੇ ਸਰਦਾਰ ਸਵਰਨ ਸਿੰਘ ਨੈਸ਼ਨਲ ਇੰਸਟੀਚਿਊਟ ਆਫ਼ ਬਾਇਓ-ਐਨਰਜੀ ਵਿਖੇ 5ਵੇਂ ਅੰਤਰ-ਰਾਸ਼ਟਰੀ ਸੰਮੇਲਨ ਦਾ ਉਦਘਾਟਨ ਕੀਤਾ।
- ਭਗਵਾਨ ਵਾਲਮੀਕਿ ਜੀ ਮਹਾਰਾਜ ਦੇ ਪ੍ਰਗਟ ਉਸਤਵ ਸਬੰਧੀ ਜਲੰਧਰ ’ਚ ਸਜਾਈ ਵਿਸ਼ਾਲ ਸ਼ੋਭਾ ਯਾਤਰਾ I

  ਅਤੇ
- ਮੌਸਮ ਵਿਭਾਗ ਵਲੋਂ ਅੱਜ ਪੰਜਾਬ ਤੇ ਹਰਿਆਣਾ ਵਿੱਚ, ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਲਈ, ORANGE ਅਲਰਟ ਜਾਰੀ।

ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ ਟਰੀ

ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30

ਮਿੰਟ 'ਤੇ ਨਮਸਕਾਰ!